412022-Tarantaran-07.qxd 1/3/2022 11:22 PM Page 1





ਪਿੰਡ ਬਲੇਰ ਵਿਖੇ ਸਾਬਕਾ ਕੈਬਨਿਟ ਮੰਤਰੀ ਆਦੇਸ਼ ਪ੍ਰਤਾਪ ਸਿੰਘ ਕੈਰੋਂ ਦੇ ਸਿਆਸੀ ਸਕੱਤਰ ਗੁਰਮੁਖ ਸਿੰਘ ਘੁੱਲਾ ਬਲੇਅਰ ਦੇ ਭਰਾ ਜਗਮੋਹਨ ਸਿੰਘ ਕਾਲਾ ਅਤੇ ਸਾਥੀਆਂ ਨੂੰ 'ਆਪ' ਵਿਚ ਸ਼ਾਮਲ ਕਰਨ ਮੌਕੇ ਸਰਵਨ ਸਿੰਘ ਧੁੰਨ ਅਤੇ ਸਾਥੀ। ਤਸਵੀਰ: ਬੌਬੀ

# ਆਦੇਸ਼ ਪ੍ਰਤਾਪ ਸਿੰਘ ਕੈਰੋਂ ਦੇ ਸਿਆਸੀ ਸਕੱਤਰ ਘੁੱਲਾ ਬਲ੍ਹੇਰ ਦਾ ਭਰਾ ਦਰਜਨਾਂ ਸਾਥੀਆਂ ਸਮੇਤ 'ਆਪ' 'ਚ ਸ਼ਾਮਿਲ

ਭਿੱਖੀਵਿੰਡ, 3 ਜਨਵਰੀ (ਬੌਬੀ)—ਵਿਧਾਨ ਸਭਾ ਹਲਕਾ ਖੇਮਕਰਨ ਵਿਚ 'ਆਪ' ਪਾਰਟੀ ਨੂੰ ਉਸ ਵੇਲੇ ਤਕੜਾ ਬਲ ਮਿਲਿਆ, ਜਦ ਸ਼੍ਰੋਮਣੀ ਅਕਾਲੀ ਦਲ ਦੇ ਸਾਬਕਾ ਕੈਬਨਿਟ ਮੰਤਰੀ ਆਦੇਸ਼ ਪ੍ਰਤਾਪ ਸਿੰਘ ਕੈਰੋਂ ਦੇ ਸਿਆਸੀ ਸਕੱਤਰ ਗੁਰਮੁਖ ਸਿੰਘ ਘੁੱਲਾ ਬਲੇਰ ਦਾ ਭਰਾ ਜਗਮੋਹਨ ਸਿੰਘ ਕਾਲਾ ਆਪਣੇ ਦਰਜਨਾਂ ਸਾਥੀਆਂ ਸਮੇਤ ਪਿੰਡ ਬਲੇਰ ਵਿਖੇ 'ਆਪ' ਪਾਰਟੀ ਵਿਚ ਸ਼ਾਮਿਲ ਹੋ ਗਿਆ। ਇਸ ਮੌਕੇ 'ਆਪ' ਪਾਰਟੀ ਚ ਸ਼ਾਮਲ ਹੋਣ ਵਾਲੇ ਸਾਰੇ ਆਗੂਆਂ ਨੂੰ ਵਿਧਾਨ ਸਭਾ ਹਲਕਾ ਖੇਮਕਰਨ ਤੋਂ ਆਪ ਪਾਰਟੀ ਦੇ ਉਮੀਦਵਾਰ ਸਰਵਨ ਸਿੰਘ ਧੁੰਨ ਨੇ ਆਪ ਪਾਰਟੀ ਵਿਚ ਜੀ ਆਇਆਂ ਆਖਿਆ। ਇਸ ਮੌਕੇ ਲੋਕਾਂ ਦੇ ਵੱਡੇ ਇਕੱਠ ਨੂੰ ਸੰਬੋਧਨ ਕਰਦਿਆਂ ਸਰਵਨ ਸਿੰਘ ਧੁੰਨ ਨੇ ਕਿਹਾ ਕਿ ਅੱਜ ਤਕ ਪੰਜਾਬ ਦੇ ਲੋਕਾਂ ਨੂੰ ਦੋਵੇਂ ਰਿਵਾਇਤੀ ਪਾਰਟੀਆਂ ਨੇ ਝੂਠੇ ਲਾਰੇ ਲਾ ਕੇ ਗੁੰਮਰਾਹ ਕੀਤਾ ਅਤੇ ਲੁੱਟਿਆ ਹੈ। ਪਹਿਲਾਂ ਪੰਜਾਬ ਦੇ ਲੋਕਾਂ ਕੋਲ ਕੋਈ ਬਦਲ ਨਾ ਹੋਣ ਕਰਕੇ ਇਹ ਪਾਰਟੀਆਂ ਵਾਰੀ-ਵਾਰੀ ਸਿਰ ਸਰਕਾਰ ਬਣਾਉਂਦੀਆਂ ਰਹੀਆਂ, ਪਰ ਇਸ ਵਾਰ ਲੋਕਾਂ ਕੋਲ ਇਕ ਮਜ਼ਬੂਤ ਤੀਜਾ 'ਆਪ' ਪਾਰਟੀ ਦੇ ਰੂਪ ਵਿਚ ਹੈ, ਜਿਸ ਦੇ ਕੰਮ ਕਰਨ ਦੇ ਤਰੀਕੇ ਤੋਂ ਲੋਕ ਚੰਗੀ ਤਰ੍ਹਾਂ ਵਾਕਿਫ਼ ਹਨ, ਇਹੀ ਕਾਰਨ ਹੈ ਕਿ ਅੱਜ ਵੱਡੀ ਗਿਣਤੀ ਵਿਚ ਲੋਕ ਇਨ੍ਹਾਂ ਦੋਹਾਂ ਪਾਰਟੀਆਂ ਨੂੰ ਅਲਵਿਦਾ ਕਹਿ 'ਆਪ' ਪਾਰਟੀ ਵਿਚ ਸ਼ਾਮਿਲ ਹੋ ਰਹੇ ਹਨ। ਉਨ੍ਹਾਂ ਮੌਜੂਦ ਲੋਕਾਂ ਨੂੰ ਯਕੀਨ ਦਿਵਾਇਆ ਕਿ 'ਆਪ' ਪਾਰਟੀ ਜੋ ਵੀ ਪੰਜਾਬ ਦੇ ਲੋਕਾਂ ਨਾਲ ਵਾਅਦਾ ਕਰੇਗੀ, ਉਸ ਨੂੰ ਹਰ ਕੀਮਤ 'ਤੇ ਪੂਰਾ ਕੀਤਾ ਜਾਵੇਗਾ। ਇਸ ਮੌਕੇ ਨਰਿੰਦਰ ਸਿੰਘ, ਜਗਮੋਹਨ ਸਿੰਘ ਕਾਲਾ, ਸਰਬਜੀਤ ਸਿੰਘ, ਪ੍ਰਧਾਨ ਹਰਪ੍ਰੀਤ ਸਿੰਘ, ਮੈਂਬਰ ਪੰਚਾਇਤ ਅੰਗਰੇਜ ਸਿੰਘ, ਮੈਂਬਰ ਪੰਚਾਇਤ ਸੁਵਿੰਦਰ ਸਿੰਘ ਮੈਂਬਰ, ਪੰਚਾਇਤ ਬਲਦੇਵ ਸਿੰਘ, ਮੈਂਬਰ ਗੁਲਜ਼ਾਰ ਸਿੰਘ ਸੈਕਟਰੀ, ਭਗਵਾਨ ਸਿੰਘ, ਗੁਲਾਬ ਸਿੰਘ, ਵਰਿਆਮ ਸਿੰਘ ਮੈਂਬਰ, ਹਰਦਿਆਲ ਸਿੰਘ, ਬਲਰਾਜ ਸਿੰਘ, ਪ੍ਰਗਟ ਸਿੰਘ, ਹਰਪਾਲ ਸਿੰਘ ਬਿਜਲੀਵਾਲਾ, ਤਰਸੇਮ ਸਿੰਘ ਦੋਧੀ, ਅਵਤਾਰ ਸਿੰਘ, ਪ੍ਰਗਟ ਸਿੰਘ, ਅੰਗਰੇਜ ਸਿੰਘ, ਬਲਵਿੰਦਰ ਸਿੰਘ, ਹਰਭਜਨ ਸਿੰਘ, ਜੋਧਬੀਰ ਸਿੰਘ, ਬਲਵਿੰਦਰ ਸਿੰਘ, ਗੁਰਮੇਲ ਸਿੰਘ, ਹਰਦੇਵ ਸਿੰਘ ਬਾਠ ਮੁੱਖ ਤੌਰ 'ਤੇ ਸ਼ਾਮਿਲ ਸਨ।

# ਸਿਵਲ ਹਸਪਤਾਲ ਵਿਖੇ ਐੱਨ.ਐੱਚ.ਐੱਮ. ਕਰਮਚਾਰੀਆਂ ਦੀ ਹੜਤਾਲ ਜਾਰੀ

ਤਰਨ ਤਾਰਨ, 3 ਜਨਵਰੀ (ਹਰਿੰਦਰ ਸਿੰਘ)-ਨੈਸ਼ਨਲ ਹੈਲਥ ਮਿਸ਼ਨ ਦੇ ਕਰਮਚਾਰੀਆਂ ਵਲੋਂ ਆਪਣੀ ਰੈਗੂਲਰ ਹੋਣ ਦੀ ਮੰਗ ਨੂੰ ਲੈ ਕੇ ਬੀਤੇ ਕਈ ਦਿਨਾਂ ਤੋਂ ਲਗਾਤਾਰ ਸੰਘਰਸ਼ ਕੀਤਾ ਜਾ ਰਿਹਾ ਹੈ। ਇਸ ਸੰਬੰਧੀ ਹੋਰ ਜਾਣਕਾਰੀ ਦਿੰਦੇ ਹੋਏ ਐੱਨ.ਐੱਚ.ਐੱਮ.ਤਰਨ ਤਾਰਨ ਦੇ ਜ਼ਿਲ੍ਹਾ ਪ੍ਰਧਾਨ ਜਸਬੀਰ ਸਿੰਘ ਘਰਿਆਲਾ ਨੇ ਦੱਸਿਆ ਕਿ ਪੰਜਾਬ ਦੇ ਸਿਹਤ ਮੰਤਰੀ, ਉੱਪ ਮੁੱਖ ਮੰਤਰੀ ਓ.ਪੀ.ਸੋਨੀ ਅਤੇ ਪੰਜਾਬ ਦੇ ਮੁੱਖ ਮੰਤਰੀ ਚਰਨਜੀਤ ਸਿੰਘ ਚੰਨੀ ਵਲੋਂ ਨੈਸ਼ਨਲ ਹੈਲਥ ਮਿਸ਼ਨ ਦੇ ਕਰਮਚਾਰੀਆਂ ਨੂੰ ਰੈਗੂਲਰ ਕਰਨ ਸੰਬੰਧੀ ਵਾਰ-ਵਾਰ ਲਾਰੇ ਲਗਾਏ ਜਾ ਰਹੇ ਹਨ ਪਰ ਵਾਅਦੇ ਵਫਾ ਹੁੰਦੇ ਨਜ਼ਰ ਨਹੀਂ ਆ ਰਹੇ। ਉਨ੍ਹਾਂ ਕਿਹਾ ਕਿ ਯੂਨੀਅਨ ਵਲੋਂ ਸਿਵਲ ਹਸਪਤਾਲ ਤਰਨ ਤਾਰਨ ਤੋਂ ਸ਼ੁਰੂ ਕਰਕੇ ਬੋਹੜੀ ਚੌਂਕ ਅਤੇ ਹਲਕਾ ਵਿਧਾਇਕ ਡਾ: ਧਰਮਵੀਰ ਅਗਨੀਹੋਤਰੀ ਦੇ ਘਰ ਤੱਕ ਜਾਗੋ ਕੱਢੀ ਅਤੇ ਇਸ ਦੌਰਾਨ ਕਾਂਗਰਸ ਸਰਕਾਰ ਖਿਲਾਫ਼ ਬੋਲੀਆਂ ਪਾ ਕੇ ਜੰਮ ਕੇ ਨਾਅਰੇਬਾਜ਼ੀ ਕੀਤੀ। ਉਨ੍ਹਾਂ ਕਿਹਾ ਕਿ ਜਾਗੋ ਵਾਲਾ ਘੜਕਾ ਹਲਕਾ ਵਿਧਾਇਕ ਦੇ ਬੂਹੇ ਅੱਗੇ ਤੋੜਿਆ ਗਿਆ। ਇਸ ਸਮੇਂ ਕਨਵੀਨਰ ਲਵਲੀਨ ਕੌਰ, ਸੂਬਾ ਕਮੇਟੀ ਮੈਂਬਰ ਕਵਲਜੀਤ ਸਿੰਘ ਕੰਪਿਊਟਰ ਆਪ੍ਰੇਟਰ, ਅਮਰਜੀਤ ਕੌਰ ਕੈਰੋਂ ਅਕਾਊਂਟੈਂਟ, ਤੇਜਿੰਦਰ ਸਿੰਘ ਆਈ.ਏ, ਜਗਦੀਪ ਕੌਰ ਬੀ.ਐੱਸ.ਏ, ਪ੍ਰਭਜੋਤ ਕੌਰ ਸੀ.ਐੱਚ.ਓ., ਜੈਸਮੀਨ ਕੁਲਵੰਤ ਕੌਰ ਅਕਾਊਂਟੈਂਟ, ਪ੍ਰਧਾਨ ਨੀਰੂ ਮੰਨਣ ਸਟਾਫ ਨਰਸ, ਕਵਲਜੀਤ ਕੌਰ ਕਰਨਜੀਤ ਸਿੰਘ ਹੋਮਿਓਪੈਥਿਕ ਡਿਸਪੈਂਸਰ, ਡਾ.ਦਿਲਬਾਗ ਸਿੰਘ ਹੋਮਿਓਪੈਥਿਕ




ਰੋਸ ਪ੍ਰਦਰਸ਼ਨ ਕਰਦੇ ਹੋਏ ਐੱਨ.ਐੱਚ..ਐੱਮ. ਕਰਮਚਾਰੀ। ਅਜੀਤ ਤਸਵੀਰ

ਸੀ.ਐੱਚ.ਓ, ਡਾ.ਵਿਵੇਕ ਸ਼ਰਮਾ ਆਰ.ਬੀ.ਐੱਸ.ਕੇ, ਕੰਵਲਜੀਤ ਕੌਰ ਸਟਾਫ ਨਰਸ ਆਰ.ਬੀ.ਐੱਸ.ਕੇ, ਡਾ.ਕੇ.ਪੀ., ਵਿਸ਼ਾਲ ਕੁਮਾਰ ਵਰਮਾ ਬੀ.ਐੱਸ.ਏ, ਸਟਾਫ਼ ਨਰਸ ਢੋਟੀਆਂ, ਹਰਪ੍ਰੀਤ ਕੌਰ ਸਟਾਫ ਨਰਸ, ਸੰਦੀਪ ਸਿੰਘ ਆਈ.ਏ, ਜੁਗਰਾਜ ਸਿੰਘ ਆਈ.ਏ, ਅਮਨਦੀਪ ਸਿੰਘ ਬੀ.ਐੱਸ.ਏ, ਕੁਲਵੰਤ ਸਿੰਘ ਆਈ.ਏ., ਮੈਡੀਕਲ ਅਫਸਰ, , ਅਮਨਦੀਪ ਸਿੰਘ ਕੰਪਿਊਟਰ ਆਪ੍ਰੇਟਰ, ਗੁਰਜੀਤ ਸਿੰਘ ਆਈ.ਏ, ਬਲਜੀਤ ਸਿੰਘ ਅਕਾਊਂਟੈਂਟ ਆਦਿ ਹਾਜ਼ਰ ਸਨ।



ਡਿਪਟੀ ਕਮਿਸ਼ਨਰ ਦਫ਼ਤਰ ਤਰਨ ਤਾਰਨ ਅੱਗੇ ਧਰਨਾ ਦਿੰਦੇ ਹੋਏ ਕਿਸਾਨ ਜਥੇਬੰਦੀਆਂ ਦੇ ਆਗੂ। ਅਜੀਤ ਤਸਵੀਰ

# ਜਥੇ. ਬ੍ਰਹਮਪੁਰਾ ਅੱਜ ਪਿੰਡ ਸ਼ੇਖ ਤੋਂ ਆਪਣੀ ਚੋਣ ਮੁਹਿੰਮ ਦਾ ਕਰਨਗੇ ਆਗਾਜ਼

**ਹਜ਼ਾਰਾਂ ਦੀ ਗਿਣਤੀ 'ਚ ਅਕਾਲੀ ਵਰਕਰ ਪਿੰਡ ਸ਼ੇਖ ਵਿਖੇ ਹੋ ਰਹੇ ਸਮਾਗਮ 'ਚ ਕਰਨਗੇ ਸ਼ਿਰਕਤ-ਸ਼ੇਖ, ਭੂਰੇ ਗਿੱਲ**

ਤਰਨ ਤਾਰਨ, 3 ਜਨਵਰੀ (ਹਰਿੰਦਰ ਸਿੰਘ)-ਹਲਕਾ ਖਡੂਰ ਸਾਹਿਬ ਤੋਂ ਸ਼੍ਰੋਮਣੀ ਅਕਾਲੀ ਦਲ-ਬਸਪਾ ਗਠਜੋੜ ਦੇ ਉਮੀਦਵਾਰ ਜਥੇ. ਰਣਜੀਤ ਸਿੰਘ ਬ੍ਰਹਮਪੁਰਾ ਅੱਜ ਮੰਗਲਵਾਰ ਨੂੰ ਪਿੰਡ ਸ਼ੇਖ ਤੋਂ ਆਪਣੀ ਚੋਣ ਮੁਹਿੰਮ ਦਾ ਆਗਾਜ਼ ਇਕ ਭਰਵੇਂ ਇਕੱਠ ਦੌਰਾਨ ਕਰਨਗੇ। ਇਸ ਇਕੱਠ ਵਿਚ ਅਕਾਲੀ ਦਲ ਦੇ ਹਜ਼ਾਰਾਂ ਵਰਕਰ ਪਹੁੰਚ ਕੇ ਜਥੇ. ਬ੍ਰਹਮਪੁਰਾ ਦੀ ਜਿੱਤ ਦਾ ਮੁੱਢ ਬੰਨਣਗੇ। ਇਹ ਜਾਣਕਾਰੀ ਦਿੰਦਿਆਂ ਸਾਬਕਾ ਚੇਅ. ਗੁਰਸੇਵਕ ਸਿੰਘ ਸ਼ੇਖ ਅਤੇ ਸੀਨੀਅਰ ਅਕਾਲੀ ਆਗੂ ਗੁਰਨਾਮ ਸਿੰਘ ਭੂਰੇ ਗਿੱਲ ਨੇ ਗੱਲਬਾਤ ਦੌਰਾਨ ਕੀਤਾ। ਉਨ੍ਹਾਂ ਕਿਹਾ ਕਿ ਇਹ ਬਹੁਤ ਹੀ ਮਾਣ ਵਾਲੀ ਗੱਲ ਹੈ ਕਿ ਜਥੇ. ਰਣਜੀਤ ਸਿੰਘ ਬ੍ਰਹਮਪੁਰਾ ਆਪਣੀ ਚੋਣ ਮੁਹਿੰਮ ਦੀ ਸ਼ੁਰੂਆਤ ਪਿੰਡ ਸ਼ੇਖ ਤੋਂ ਕਰਨ ਜਾ ਰਹੇ ਹਨ। ਇਸ ਸੰਬੰਧ ਵਿਚ ਪਿੰਡ ਸ਼ੇਖ ਦੇ ਖੁੱਲ੍ਹੇ ਮੈਦਾਨ ਵਿਚ ਇਕ ਵੱਡਾ ਸਮਾਗਮ ਕੀਤਾ ਜਾ ਰਿਹਾ ਹੈ। ਇਸ ਸਮਾਗਮ ਵਿਚ ਸ਼੍ਰੋਮਣੀ ਅਕਾਲੀ ਦਲ ਦੇ ਵਰਕਰਾਂ ਅਤੇ ਆਗੂਆਂ ਪ੍ਰਤੀ ਭਾਰੀ ਉਤਸ਼ਾਹ ਦੇਖਣ ਨੂੰ ਮਿਲ ਰਿਹਾ ਹੈ। ਉਨ੍ਹਾਂ ਕਿਹਾ ਕਿ ਜਿੰਨਾ ਚਿਰ ਸ਼੍ਰੋਮਣੀ ਅਕਾਲੀ ਦਲ ਦੇ ਉੱਪ ਸਰਪ੍ਰਸਤ ਅਤੇ ਸਾਬਕਾ ਮੰਤਰੀ ਜਥੇ. ਰਣਜੀਤ ਸਿੰਘ ਬ੍ਰਹਮਪੁਰਾ ਨੇ ਹਲਕਾ ਖਡੂਰ ਸਾਹਿਬ ਦੇ ਲੋਕਾਂ ਦੀ ਸੇਵਾ ਕੀਤੀ ਹੈ, ਉਹ ਹੋਰ ਕੋਈ ਵੀ ਉਮੀਦਵਾਰ ਕਰ ਨਹੀਂ ਸਕਦਾ। ਕਾਂਗਰਸ ਦੇ ਮੌਜੂਦਾ ਵਿਧਾਇਕ ਤਾਂ ਸਾਢੇ ਚਾਰ ਸਾਲ ਲੋਕਾਂ ਤੋਂ ਦੂਰ ਰਹੇ ਅਤੇ ਹੁਣ ਚੋਣਾਂ ਨੇੜੇ ਆਉਂਦੀਆਂ ਦੇਖ ਕੇ ਲੋਕਾਂ ਵਿਚ ਵਿਚਰਨ ਲੱਗ ਪਏ ਹਨ ਪਰ ਹਲਕੇ ਦੇ ਸੂਝਵਾਨ ਵੋਟਰ ਉਨ੍ਹਾਂ ਨੂੰ ਮੂੰਹ ਨਹੀਂ ਲਗਾਉਣਗੇ। ਉਨ੍ਹਾਂ ਹਲਕੇ ਦੇ ਲੋਕਾਂ ਨੂੰ ਅਪੀਲ ਕੀਤੀ ਕਿ 4 ਜਨਵਰੀ ਨੂੰ ਪਿੰਡ ਸ਼ੇਖ ਵਿਖੇ ਸ਼੍ਰੋਮਣੀ ਅਕਾਲੀ ਦਲ ਦੇ ਹੋਣ ਵਾਲੇ ਸਮਾਗਮ ਵਿਚ ਵੱਡੀ ਗਿਣਤੀ ਵਿਚ ਪਹੁੰਚ ਕੇ ਜਥੇ. ਰਣਜੀਤ ਸਿੰਘ ਬ੍ਰਹਮਪੁਰਾ ਦੀ ਚੋਣ ਮੁਹਿੰਮ ਦੇ ਆਗਾਜ਼ ਸਮਾਗਮ ਵਿਚ ਸ਼ਾਮਿਲ ਹੋਣ।



ਗੁਰਸੇਵਕ ਸਿੰਘ ਸ਼ੇਖ, ਗੁਰਨਾਮ ਸਿੰਘ ਭੂਰੇ ਗਿੱਲ

# ਕਿਸਾਨਾਂ ਵਲੋਂ ਡਿਪਟੀ ਕਮਿਸ਼ਨਰ ਦਫ਼ਤਰ ਅੱਗੇ ਧਰਨਾ

ਤਰਨ ਤਾਰਨ, 3 ਜਨਵਰੀ (ਵਿਕਾਸ ਮਰਵਾਹਾ)-ਬੀ.ਕੇ.ਯੂ. (ਏਕਤਾ) ਉਗਰਾਹਾਂ ਦੇ ਸੱਦੇ 'ਤੇ ਜੋ ਪੰਜਾਬ ਵਿਚ ਵੱਖ-ਵੱਖ ਜ਼ਿਲ੍ਹਿਆਂ ਵਿਚ ਧਰਨੇ ਚੱਲ ਰਹੇ ਹਨ, ਉਸ ਤਹਿਤ ਡਿਪਟੀ ਕਮਿਸ਼ਨਰ ਦਫ਼ਤਰ ਜ਼ਿਲ੍ਹਾ ਤਰਨ ਤਾਰਨ ਵਿਚ ਵੀ ਜ਼ਿਲ੍ਹਾ ਪ੍ਰਧਾਨ ਗੁਰਬਾਜ ਸਿੰਘ ਦੀ ਅਗਵਾਈ ਵਿਚ ਚੱਲ ਰਿਹਾ ਧਰਨਾ 15ਵੇਂ ਦਿਨ ਵਿਚ ਦਾਖ਼ਲ ਹੋ ਗਿਆ। ਧਰਨੇ ਵਿਚ ਸੈਂਕੜੇ ਕਿਸਾਨ ਅਤੇ ਬੀਬੀਆਂ ਹਾਜ਼ਰ ਸਨ ਤੇ ਅੱਜ ਦੇ ਧਰਨੇ ਦੀ ਪ੍ਰਧਾਨਗੀ ਚੰਨਣ ਸਿੰਘ ਢੰਡ, ਡਾ. ਸਤਨਾਮ ਸਿੰਘ ਹਰੀਕੇ ਅਤੇ ਅਜੀਤ ਸਿੰਘ ਸਿਧਵਾਂ ਨੇ ਕੀਤੀ। ਧਰਨੇ ਵਿਚ ਬੈਠੇ ਵਿਸ਼ਾਲ ਇਕੱਠ ਨੂੰ ਸੰਬੋਧਨ ਕਰਦਿਆਂ ਗੁਰਬਾਜ ਸਿੰਘ ਸਿਧਵਾਂ ਨੇ ਕਿਹਾ ਕਿ ਕੱਲ੍ਹ ਪਿੰਡਾਂ ਵਿਚ ਥਾਂ-ਥਾਂ 'ਤੇ ਪ੍ਰਧਾਨ ਮੰਤਰੀ ਮੋਦੀ ਦੇ ਪੁਤਲੇ ਫੂਕੇ ਗਏ ਅਤੇ ਡਿਪਟੀ ਕਮਿਸ਼ਨਰ ਦਫ਼ਤਰ ਅੱਗੇ ਵੀ ਪ੍ਰਧਾਨ ਮੰਤਰੀ ਦਾ ਅਰਥੀ ਫੂਕ ਮੁਜਾਹਰਾ ਕੀਤਾ ਗਿਆ। ਇਸ ਮੌਕੇ ਮੇਹਰ ਸਿੰਘ ਸਖੀਰਾ, ਦਲੇਰ ਸਿੰਘ ਰਾਜੋਕੇ, ਹਰਦੀਪ ਸਿੰਘ ਜੌੜਾ, ਦਰਬਾਰਾ ਸਿੰਘ ਘਰਿਆਲੀ, ਜਗਜੀਤ ਸਿੰਘ ਜੋਧ ਸਿੰਘ ਵਾਲਾ, ਹਰਭਜਨ ਸਿੰਘ ਮੁਗਲਚੱਕ, ਕਸ਼ਮੀਰ ਸਿੰਘ ਠੱਠੀਆਂ ਮਹੰਤਾਂ, ਰਣਜੋਧ ਸਿੰਘ ਤੱਖੂਚੱਕ, ਬਖ਼ਸ਼ੀਸ਼ ਸਿੰਘ ਬਹਾਦਰ ਨਗਰ, ਦੇਸਾ ਸਿੰਘ ਘਰਿਆਲਾ, ਬਿਕਰਮ ਸਿੰਘ ਘਰਿਆਲਾ, ਜੁਗਰਾਜ ਸਿੰਘ ਲੌਹਕਾ ਆਦਿ ਨੇ ਵੀ ਸੰਬੋਧਨ ਕੀਤਾ। ਇਸ ਮੌਕੇ ਇੰਦਰਜੀਤ ਸਿੰਘ ਮਾੜੀ ਮੇਘਾ, ਅਮਰੀਕ ਸਿੰਘ ਜੌੜਾ, ਤਰਸੇਮ ਸਿੰਘ ਕੁਹਾੜਕਾ, ਭੁਪਿੰਦਰ ਸਿੰਘ ਠੱਠੀਆਂ ਖੁਰਦ, ਬਲਬੀਰ ਕੌਰ ਤੱਖੂਚੱਕ, ਅਮਰਜੀਤ ਕੌਰ, ਸੁਖਬੀਰ ਸਿੰਘ ਗੱਗੋਬੂਹਾ, ਕਸ਼ਮੀਰ ਕੌਰ ਕੁਹਾੜਕਾ, ਸਵਰਨ ਕੌਰ ਕੁਹਾੜਕਾ, ਬਾਜ ਸਿੰਘ ਪਲੋਅ ਪੱਤੀ, ਹਰਚਰਨ ਸਿੰਘ ਲੌਹਕਾ, ਆਤਮਾ ਸਿੰਘ ਪੰਨੂੰ, ਗੁਰਵਿੰਦਰ ਸਿੰਘ ਬੂਹ, ਅਮਰੀਕ ਸਿੰਘ ਜੌੜਾ, ਪ੍ਰਤਾਪ ਸਿੰਘ ਮਾੜੀ ਮੇਘਾ, ਗੁਰਬੀਰ ਸਿੰਘ ਸਿੱਧਵਾਂ, ਮੁਖਤਾਰ ਸਿੰਘ ਤੱਖੂਚੱਕ ਆਦਿ ਹਾਜ਼ਰ ਸਨ।

# ਪਾਬੰਦੀਸ਼ੁਦਾ ਚਾਈਨਾ ਡੋਰ ਨਾਲ ਸਾ. ਸਰਪੰਚ ਜਰਨੈਲ ਸਿੰਘ ਹੋਇਆ ਜ਼ਖਮੀ

ਫਤਿਆਬਾਦ, 3 ਜਨਵਰੀ (ਹਰਵਿੰਦਰ ਸਿੰਘ ਧੂੰਦਾ)-ਪਿੰਡ ਛਾਪੜੀ ਸਾਹਿਬ ਦੇ ਸਾਬਕਾ ਸਰਪੰਚ ਜਰਨੈਲ ਸਿੰਘ ਬਾਠ ਨੇ ਫਤਿਆਬਾਦ ਵਿਖੇ ਚੋਣਵੇਂ ਪੱਤਰਕਾਰਾਂ ਨੂੰ ਜਾਣਕਾਰੀ ਦਿੰਦਿਆਂ ਦੱਸਿਆ ਕਿ ਉਹ ਆਪਣੇ ਮੋਟਰਸਾਈਕਲ 'ਤੇ ਸਵਾਰ ਹੋ ਕੇ ਫਤਿਆਬਾਦ ਤੋਂ ਤਰਨ ਤਾਰਨ ਨੂੰ ਜਾ ਰਿਹਾ ਸੀ ਕਿ ਰਸਤੇ ਵਿਚ ਚਾਈਨਾ ਡੋਰ ਆ ਕੇ ਮੇਰੀ ਗਰਦਨ ਵਿਚ ਫਿਰ ਗਈ, ਜਿਸ ਨੂੰ ਤੋੜ ਕੇ ਸੁਟਣ ਲਈ ਜਦੋਂ ਮੈਂ ਆਪਣਾ ਹੱਥ ਡੋਰ ਨੂੰ ਪਾਇਆ ਤਾਂ ਉਹ ਡੋਰ ਮੇਰੇ ਹੱਥ ਦੀ ਉਂਗਲੀ ਵਿਚ ਫਿਰ ਗਈ, ਜਿਸ ਨਾਲ ਮੇਰੀ ਉਂਗਲੀ ਵੀ ਜ਼ਖਮੀ ਹੋ ਗਈ। ਜਰਨੈਲ ਸਿੰਘ ਨੇ ਦੱਸਿਆ ਕਿ ਕਿ ਕੁਦਰਤੀ ਤੌਰ ' ਮੇਰੇ ਮੋਟਰਸਾਈਕਲ ਦੀ ਰਫ਼ਤਾਰ ਬਹੁਤ ਹੌਲੀ ਸੀ। ਇਸ ਮੌਕੇ ਤੇ ਸਾ.ਸਰਪੰਚ ਜਰਨੈਲ ਸਿੰਘ, ਸਾ.ਸਰਪੰਚ ਸੁਰਿੰਦਰ ਸਿੰਘ ਛਿੰਦਾ, ਪ੍ਰਧਾਨ ਮਨਜਿੰਦਰ ਸਿੰਘ ਮਿੰਟੂ ਛਾਪੜੀ ਸਾਹਿਬ, ਬਖਸ਼ੀਸ਼ ਸਿੰਘ ਢਿੱਲੋਂ ਅਤੇ ਹੋਰਨਾਂ ਨੇ ਪ੍ਰਸ਼ਾਸਨ ਤੋਂ ਮੰਗ ਕੀਤੀ ਕਿ ਪਾਬੰਦੀਸ਼ੁਦਾ ਚਾਈਨਾ ਡੋਰ ਦੀ ਵਿਕਰੀ ਕਰਨ ਵਾਲੇ ਖਿਲਾਫ਼ ਸਖਤ ਕਾਨੂੰਨੀ ਕਾਰਵਾਈ ਕੀਤੀ ਜਾਵੇ।



ਆਪਣੀ ਗਰਦਨ ਅਤੇ ਉਂਗਲੀ ਵਿਚ ਫਿਰੀ ਚਾਈਨਾ ਡੋਰ ਪੱਤਰਕਾਰਾਂ ਨੂੰ ਦਿਖਾਉਂਦੇ ਹੋਏ ਛਾਪੜੀ ਸਾਹਿਬ ਦੇ ਸਾਬਕਾ ਸਰਪੰਚ ਜਰਨੈਲ ਸਿੰਘ ਅਤੇ ਹੋਰ। ਤਸਵੀਰ: ਧੂੰਦਾ

# ਹੈਰੋਇਨ ਤੇ ਨਾਜਾਇਜ਼ ਸ਼ਰਾਬ ਸਮੇਤ 4 ਵਿਅਕਤੀ ਗ੍ਰਿਫ਼ਤਾਰ

ਤਰਨ ਤਾਰਨ, 3 ਜਨਵਰੀ (ਹਰਿੰਦਰ ਸਿੰਘ)-ਜ਼ਿਲ੍ਹਾ ਪੁਲਿਸ ਨੇ ਵੱਖ-ਵੱਖ ਥਾਵਾਂ 'ਤੇ ਕੀਤੀ ਨਾਕਾਬੰਦੀ ਦੌਰਾਨ ਹੈਰੋਇਨ ਅਤੇ ਨਾਜਾਇਜ਼ ਸ਼ਰਾਬ ਦਾ ਕਾਰੋਬਾਰ ਕਰਨ ਵਾਲੇ ਚਾਰ ਵਿਅਕਤੀਆਂ ਨੂੰ ਕਾਬੂ ਕਰਨ ਵਿਚ ਸਫ਼ਲਤਾ ਪ੍ਰਾਪਤ ਕੀਤੀ ਹੈ। ਇਸ ਸੰਬੰਧੀ ਜਾਣਕਾਰੀ ਦਿੰਦਿਆਂ ਥਾਣਾ ਸਦਰ ਪੱਟੀ ਦੇ ਏ.ਐੱਸ.ਆਈ. ਬਲਵਿੰਦਰ ਸਿੰਘ ਨੇ ਦੱਸਿਆ ਕਿ ਉਨ੍ਹਾਂ ਪੁਲਿਸ ਪਾਰਟੀਸ ਮੇਤ ਪੁੱਲ ਭਾਊਵਾਲ ਨਜ਼ਦੀਕ ਨਾਕਾਬੰਦੀ ਕੀਤੀ ਹੋਈ ਸੀ, ਜਿਸ ਦੌਰਾਨ ਉਨਾਂ ਇਕ ਮੋਟਰਸਾਈਕਲ ਨੰਬਰ ਪੀ.ਬੀ.08 ਏ.ਟੀ. 9780 'ਤੇ ਸਵਾਰ ਹੋ ਕੇ ਆ ਰਹੇ ਕਰਨੈਲ ਸਿੰਘ ਪੁੱਤਰ ਅਜੈਬ ਸਿੰਘ ਵਾਸੀ ਕਲਸੀਆਂ ਕਲਾਂ, ਹਰਜੀਤ ਸਿੰਘ ਪੁੱਤਰ ਨਿਰਮਲ ਸਿੰਘ ਵਾਸੀ ਘਰਿਆਲਾ ਨੂੰ ਕਾਬੂ ਕਰ ਕੇ ਉਨ੍ਹਾਂ ਪਾਸੋਂ 40 ਗ੍ਰਾਮ ਹੈਰੋਇਨ ਬਰਾਮਦ ਕੀਤੀ ਹੈ। ਇਸੇ ਤਰ੍ਹਾਂ ਥਾਣਾ ਸਿਟੀ ਤਰਨ ਤਾਰਨ ਦੇ ਏ.ਐੱਸ.ਆਈ. ਮਨਜਿੰਦਰ ਸਿੰਘ ਨੇ ਦੱਸਿਆ ਕਿ ਉਨ੍ਹਾਂ ਪੁਲਿਸ ਪਾਰਟੀ ਸਮੇਤ ਗੁਪਤ ਸੂਚਨਾ ਦੇ ਅਧਾਰ 'ਤੇ ਸੋਨੂੰ ਪੁੱਤਰ ਸੁਖਦੇਵ ਸਿੰਘ ਵਾਸੀ ਮੁਹੱਲਾ ਗੁਰੂ ਕਾ ਖੂਹ ਤਰਨਤਾਰਨ ਦੇ ਘਰ ਛਾਪੇਮਾਰੀ ਦੌਰਾਨ ਉਥੋਂ 6750 ਮਿਲੀਲੀਟਰ ਨਾਜਾਇਜ਼ ਸ਼ਰਾਬ ਬਰਾਮਦ ਕਰਕੇ ਉਸ ਨੂੰ ਗ੍ਰਿਫ਼ਤਾਰ ਕਰ ਲਿਆ। ਇਸੇ ਤਰ੍ਹਾਂ ਥਾਣਾ ਸਦਰ ਤਰਨ ਤਾਰਨ ਦੇ ਏ.ਐੱਸ.ਆਈ. ਸਤਪਾਲ ਸਿੰਘ ਨੇ ਦੱਸਿਆ ਕਿ ਉਨ੍ਹਾਂ ਪੁਲਿਸ ਪਾਰਟੀ ਸਮੇਤ ਬਲਵੰਤ ਸਿੰਘ ਪੁੱਤਰ ਅਮਰੀਕ ਸਿੰਘ ਵਾਸੀ ਪਿੰਡ ਗੁਲਾਲੀਪੁਰ ਦੇ ਘਰ ਛਾਪੇਮਾਰੀ ਦੌਰਾਨ ਉਥੋਂ 6930 ਮਿਲੀਲੀਟਰ ਨਾਜਾਇਜ਼ ਸ਼ਰਾਬ ਬਰਾਮਦ ਕਰਕੇ ਉਸ ਨੂੰ ਗ੍ਰਿਫ਼ਤਾਰ ਕਰ ਲਿਆ। ਪੁਲਿਸ ਨੇ ਉਕਤ ਕਾਬੂ ਕੀਤੇ ਗਏ ਵਿਅਕਤੀਆਂ ਖਿਲਾਫ਼ ਉਕਤ ਥਾਣਿਆਂ ਵਿਚ ਐੱਨ.ਡੀ.ਪੀ.ਐੱਸ. ਐਕਟ ਅਤੇ ਐਕਸਾਈਜ ਐਕਟ ਤਹਿਤ ਕੇਸ ਦਰਜ ਕਰਨ ਤੋਂ ਬਾਅਦ ਉਨ੍ਹਾਂ ਨੂੰ ਅਦਾਲਤ ਵਿਚ ਪੇਸ਼ ਕਰਨ ਲਈ ਅਗਲੀ ਕਾਰਵਾਈ ਸ਼ੁਰੂ ਕਰ ਦਿੱਤੀ ਹੈ।

# ਪਿਸਤੌਲ ਸਮੇਤ ਬੈਂਕ ਅੰਦਰ ਦਾਖਲ ਹੋਇਆ ਵਿਅਕਤੀ ਗ੍ਰਿਫ਼ਤਾਰ

ਤਰਨ ਤਾਰਨ, 3 ਜਨਵਰੀ (ਹਰਿੰਦਰ ਸਿੰਘ)-ਜ਼ਿਲ੍ਹਾ ਤਰਨ ਤਾਰਨ ਅਧੀਨ ਪੈਂਦੇ ਥਾਣਾ ਸਰਹਾਲੀ ਦੀ ਪੁਲਿਸ ਨੇ ਪਿਸਤੌਲ ਸਮੇਤ ਬੈਂਕ ਦਾ ਸ਼ਟਰ ਤੋੜ ਕੇ ਬੈਂਕ ਅੰਦਰ ਦਾਖਲ ਹੋਣ ਵਾਲੇ ਵਿਅਕਤੀ ਨੂੰ ਕਾਬੂ ਕਰਕੇ ਉਸ ਪਾਸੋਂ ਇਕ ਐੱਲ.ਈ.ਡੀ, ਮਨੀਟਰ, ਇਕ ਪਿਸਤੌਲ ਦੇਸੀ 315 ਬੋਰ, 3 ਕਾਰਤੂਸ ਬਰਾਮਦ ਕੀਤੇ ਗਏ ਹਨ। ਇਸ ਸੰਬੰਧੀ ਜਾਣਕਾਰੀ ਦਿੰਦਿਆਂ ਏ.ਐੱਸ.ਆਈ. ਦਿਲਬਾਗ ਸਿੰਘ ਨੇ ਦੱਸਿਆ ਕਿ ਉਹ ਪੁਲਿਸ ਪਾਰਟੀ ਸਮੇਤ ਪਿੰਡ ਸੁਹਾਵਾ ਮੋੜ ਨਜ਼ਦੀਕ ਮੌਜੂਦ ਸੀ ਤਾਂ ਉਸ ਸਮੇਂ ਉਨ੍ਹਾਂ ਨੂੰ ਐਕਸਿਸ ਬੈਂਕ ਠੱਠੀਆ ਮਹੰਤਾਂ ਦੇ ਬ੍ਰਾਂਚ ਮੈਨੇਜਰ ਦਾ ਫੋਨ ਆਇਆ ਕਿ ਕੋਈ ਅਣਪਛਾਤਾ ਵਿਅਕਤੀ ਬੈਂਕ ਦਾ ਸ਼ਟਰ ਤੋੜ ਕੇ ਬੈਂਕ ਅੰਦਰ ਦਾਖਲ ਹੋਇਆ ਹੈ ਤਾਂ ਉਹ ਤੁਰੰਤ ਪੁਲਿਸ ਪਾਰਟੀ ਸਮੇਤ ਬੈਂਕ ਪਹੁੰਚੇ ਅਤੇ ਬੈਂਕ ਅੰਦਰ ਦਾਖਲ ਹੋਣ ਵਾਲੇ ਜਸਵੰਤ ਸਿੰਘ ਉਰਫ਼ ਕਾਕਾ ਪੁੱਤਰ ਨਿਸ਼ਾਨ ਸਿੰਘ ਵਾਸੀ ਮਰਹਾਣਾ ਨੂੰ ਕਾਬੂ ਕਰ ਲਿਆ, ਜਿਸ ਪਾਸੋਂ ਇਕ ਐੱਲ.ਈ.ਡੀ., ਮੋਨੀਟਰ, ਇਕ ਪਿਸਤੌਲ ਦੇਸੀ 315 ਬੋਰ ਅਤੇ 3 ਕਾਰਤੂਸ ਬਰਾਮਦ ਹੋਏ ਹਨ। ਉਨ੍ਹਾਂ ਦੱਸਿਆ ਕਿ ਉਕਤ ਵਿਅਕਤੀ ਖਿਲਾਫ਼ ਵੱਖ-ਵੱਖ ਧਾਰਾਵਾਂ ਤਹਿਤ ਮਾਮਲਾ ਦਰਜ ਕਰਨ ਤੋਂ ਬਾਅਦ ਅਗਲੀ ਕਾਨੂੰਨੀ ਕਾਰਵਾਈ ਸ਼ੁਰੂ ਕਰ ਦਿੱਤੀ ਗਈ ਹੈ।

# ਡਾ. ਆਰ.ਐੱਸ. ਪੱਡਾ ਨੇ ਡਿਪਟੀ ਮੈਡੀਕਲ ਕਮਿਸ਼ਨਰ ਵਜੋਂ ਅਹੁਦਾ ਸੰਭਾਲਿਆ

ਤਰਨ ਤਾਰਨ, 3 ਜਨਵਰੀ (ਹਰਿੰਦਰ ਸਿੰਘ)-ਤਰਨ ਤਾਰਨ ਵਿਖੇ ਮੈਡੀਕਲ ਸਪੈਸ਼ਲਿਸਟ ਦੇ ਤੌਰ 'ਤੇ ਸੇਵਾਵਾਂ ਨਿਭਾਅ ਰਹੇ ਡਾ. ਆਰ.ਐਸ. ਪੱਡਾ ਦੇ ਪਦਉਨਤ ਹੋਣ ਤੋਂ ਬਾਅਦ ਸਿਹਤ ਵਿਭਾਗ ਵਲੋਂ ਉਨ੍ਹਾਂ ਨੂੰ ਤਰਨ ਤਾਰਨ ਦਾ ਡਿਪਟੀ ਮੈਡੀਕਲ ਕਮਿਸ਼ਨਰ ਨਿਯੁਕਤ ਕੀਤਾ ਹੈ। ਡਾ. ਪੱਡਾ ਨੇ ਸਿਵਲ ਸਰਜਨ ਦਫ਼ਤਰ ਤਰਨ ਤਾਰਨ ਵਿਖੇ ਪਹੁੰਚ ਕੇ ਡਿਪਟੀ ਮੈਡੀਕਲ ਕਮਿਸ਼ਨਰ ਵਜੋਂ ਆਪਣਾ ਅਹੁਦਾ ਸੰਭਾਲ ਲਿਆ। ਇਸ ਮੌਕੇ ਸੀਨੀਅਰ ਮੈਡੀਕਲ ਅਫ਼ਸਰ ਡਾ. ਸਵਰਨਜੀਤ ਧਵਨ ਨੇ ਡਾ. ਪੱਡਾ ਦਾ ਸਵਾਗਤ ਕਰਦਿਆਂ ਉਨ੍ਹਾਂ ਨੂੰ ਸ਼ੁੱਭਕਾਮਨਾਵਾਂ ਦਿੱਤੀਆਂ। ਡਾ. ਪੱਡਾ ਨੇ ਕਿਹਾ ਕਿ ਉਨ੍ਹਾਂ ਨੇ ਲੰਮਾ ਸਮਾਂ ਸਿਵਲ ਹਸਪਤਾਲ ਤਰਨ ਤਾਰਨ ਵਿਖੇ ਮੈਡੀਕਲ ਸਪੈਸ਼ਲਿਸਟ ਤੌਰ 'ਤੇ ਸੇਵਾਵਾਂ ਨਿਭਾਈਆਂ ਹਨ ਅਤੇ ਉਹ ਆਪਣੀਆਂ ਸੇਵਾਵਾਂ ਅੱਗੇ ਤੋਂ ਵੀ ਜਾਰੀ ਰੱਖਣਗੇ। ਸਿਹਤ ਵਿਭਾਗ ਅਤੇ ਸਿਵਲ ਸਰਜਨ ਡਾ. ਰੋਹਿਤ ਮਹਿਤਾ ਵਲੋਂ ਜੋ ਵੀ ਹਦਾਇਤਾਂ ਜਾਰੀ ਕੀਤੀਆਂ ਜਾਣਗੀਆਂ, ਉਸ ਨੂੰ ਇੰਨ-ਬਿੰਨ ਲਾਗੂ ਕੀਤਾ ਜਾਵੇਗਾ। ਇਸ ਮੌਕੇ ਡਾ. ਸੰਦੀਪ ਸਿੰਘ ਕਾਲੜਾ, ਡਾ. ਵੇਦ ਪ੍ਰਕਾਸ਼, ਡਾ. ਸਰਬਜੀਤ ਸਿੰਘ, ਡਾ. ਸਤਵਿੰਦਰ ਭਗਤ, ਡਾ. ਸਤਵਿੰਦਰ ਸਿੰਘ, ਡਾ. ਨਵਪ੍ਰੀਤ ਸਿੰਘ ਆਦਿ ਵਿਸ਼ੇਸ਼ ਤੌਰ 'ਤੇ ਮੌਜੂਦ ਸਨ।



ਡਾ. ਆਰ.ਐੱਸ. ਪੱਡਾ ਦੇ ਡਿਪਟੀ ਮੈਡੀਕਲ ਕਮਿਸ਼ਨਰ ਵਜੋਂ ਅਹੁਦਾ ਸੰਭਾਲਣ 'ਤੇ ਉਨ੍ਹਾਂ ਨੂੰ ਸਨਮਾਨਿਤ ਕਰਦੇ ਹੋਏ ਸੀਨੀਅਰ ਮੈਡੀਕਲ ਅਫ਼ਸਰ ਡਾ. ਸਵਰਨਜੀਤ ਧਵਨ ਤੇ ਹੋਰ। ਅਜੀਤ ਤਸਵੀਰ

# ਕੋਰੋਨਾ ਦੇ ਵਧਦੇ ਪ੍ਰਭਾਵ ਨੂੰ ਲੈ ਕੇ ਡਿਪਟੀ ਕਮਿਸ਼ਨਰ ਵਲੋਂ ਦਿਸ਼ਾ ਨਿਰਦੇਸ਼ ਜਾਰੀ

ਤਰਨ ਤਾਰਨ, 3 ਜਨਵਰੀ (ਹਰਿੰਦਰ ਸਿੰਘ)-ਕੋਵਿਡ-19 ਦੇ ਵਧਦੇ ਪ੍ਰਭਾਵ ਨੂੰ ਰੋਕਣ ਲਈ ਡਿਪਟੀ ਕਮਿਸ਼ਨਰ ਤਰਨ ਤਾਰਨ ਕੁਲਵੰਤ ਸਿੰਘ ਵਲੋਂ ਦਿਸ਼ਾ ਨਿਰਦੇਸ਼ ਜਾਰੀ ਕੀਤੇ ਹਨ। ਡਿਪਟੀ ਕਮਿਸ਼ਨਰ ਨੇ ਜਾਰੀ ਕੀਤੇ ਹੁਕਮਾਂ ਵਿਚ ਕਿਹਾ ਕਿ ਜਨਤਕ ਥਾਵਾਂ, ਕੰਮਕਾਜ ਵਾਲੀਆਂ ਥਾਵਾਂ ਅਤੇ ਯਾਤਰਾ ਦੌਰਾਨ ਮਾਸਕ ਪਹਿਨਣਾ ਜ਼ਰੂਰੀ ਹੋਵੇਗਾ, ਜਨਤਕ ਥਾਵਾਂ 'ਤੇ ਘੱਟੋ ਘੱਟ 6 ਫੁੱਟ ਦੀ ਸਮਾਜਿਕ, ਸਰੀਰਕ ਦੂਰੀ ਰੱਖਣੀ ਲਾਜ਼ਮੀ ਹੋਵੇਗੀ, ਦੁਕਾਨਾਂ ਵਿਚ ਗ੍ਰਾਹਕਾਂ ਦੀ ਸਮਾਜਿਕ ਦੂਰੀ ਰੱਖਣੀ ਲਾਜ਼ਮੀ ਹੋਵੇਗੀ। ਉਨ੍ਹਾਂ ਕਿਹਾ ਕਿ ਜਨਤਕ ਥਾਵਾਂ 'ਤੇ ਥੁੱਕਣ 'ਤੇ ਜੁਰਮਾਨੇ ਵਸੂਲੇ ਜਾਣਗੇ। ਉਨ੍ਹਾਂ ਕਿਹਾ ਕਿ ਇਨ੍ਹਾਂ ਹੁਕਮਾਂ ਦੀ ਉਲੰਘਣਾ ਕਰਨ ਵਾਲੇ ਵਿਅਕਤੀਆਂ ਵਿਰੁੱਧ ਕਾਨੂੰਨੀ ਕਾਰਵਾਈ ਕੀਤੀ ਜਾਵੇਗੀ।

ਦਫ਼ਤਰ ਵਧੀਕ ਡਿਪਟੀ ਕਮਿਸ਼ਨਰ-ਕਮ-ਮੈਰਿਜ ਅਫਸਰ,ਲੁਧਿਆਣਾ।
(ਪੇਸ਼ੀ ਸ਼ਾਖਾ)
ਨੋਟਿਸ ਹਰ ਆਮ ਤੇ ਖਾਸ ਨੂੰ ਇਸ ਨੋਟਿਸ ਰਾਹੀਂ ਸੂਚਿਤ ਕੀਤਾ ਜਾਂਦਾ ਹੈ ਕਿ Resham Singh S/O Gurdev Singh ਵਾਸੀ 11541 Street No. 26 Ram Nagar , Near Sangit Cinema , Ludhiana ਨੇ ਬੇਨਤੀ ਕੀਤੀ ਹੈ ਕਿ ਉਸ ਦੇ ਲੜਕੇ Jasibr Singh S/o Resham Singh ਦੀ ਜਨਮ ਮਿਤੀ 21/07/1993 ਹੈ , ਜੋ ਕਿ Cyprus ਵਿਖੇ ਰਹਿ ਰਿਹਾ ਹੈ ਅਤੇ ਉਸਨੇ ਭਾਰਤ ਵਿਚ ਅਜੇ ਤੱਕ ਕੋਈ ਮੰਗਣੀ ਵਿਆਹ ਨਹੀਂ ਕਰਵਾਇਆ । ਇਸ ਲਈ ਉਹ ਆਪਣੀ ਮਰਜ਼ੀ ਨਾਲ Cyprus ਵਿਖੇ ਵਿਆਹ ਕਰਾਉਣਾ ਚਾਹੁੰਦਾ ਹੈ । ਇਸ ਲਈ ਅਣ-ਵਿਆਹੁਤਾ ਸਰਟੀਫਿਕੇਟ ਜਾਰੀ ਕਰਨ ਦੀ ਮੰਗ ਕੀਤੀ ਹੈ ।
ਉਕਤ ਦੇ ਸੰਬੰਧ ਵਿੱਚ ਜੇਕਰ ਕਿਸੇ ਨੂੰ ਸ੍ਰੀ Jasibr Singh S/o Resham Singh ਵਾਸੀ 11541 Street No. 26 Ram Nagar,Near Sangit Cinema,Ludhiana ਦੇ ਨਾਮ ਅਣ - ਵਿਆਹੁਤਾ ਸਰਟੀਫਿਕੇਟ ਜਾਰੀ ਕਰਨ ਵਿੱਚ ਕੋਈ ਇਤਰਾਜ਼ ਹੋਵੇ ਤਾਂ ਉਹ ਇਸ ਨੋਟਿਸ ਦੇ ਪ੍ਰਕਾਸ਼ਿਤ ਹੋਣ ਤੋਂ 30 ਦਿਨਾਂ ਦੇ ਅੰਦਰ ਅੰਦਰ ਅਸਾਲਤਨ ਜਾਂ ਵਕਾਲਤਨ ਹਾਜ਼ਰ ਆ ਕੇ ਲਿਖਤੀ ਤੌਰ ਤੇ ਇਤਰਾਜ਼ ਪੇਸ਼ ਕਰੇ । ਜੇਕਰ ਮਿੱਥੇ ਸਮੇਂ ਅੰਦਰ ਅੰਦਰ ਕੋਈ ਇਤਰਾਜ ਪੇਸ਼ ਨਹੀਂ ਕਰਦਾ ਤਾਂ Jasibr Singh S/o Resham Singh ਦੇ ਨਾਮ ਅਣ ਵਿਆਹੁਤਾ ਸਰਟੀਫਿਕੇਟ ਜਾਰੀ ਕਰ ਦਿੱਤਾ ਜਾਵੇਗਾ।
ਵਧੀਕ ਡਿਪਟੀ ਕਮਿਸ਼ਨਰ,
ਮਿਤੀ 22/12/21 ਕਮ ਮੈਰਿਜ ਅਫਸਰ ਲੁਧਿਆਣਾ।




ਬੱਚਿਆਂ ਨੂੰ ਕੋਵਿਡ ਵੈਕਸੀਨ ਲਗਾਉਣ ਦੀ ਸ਼ੁਰੂਆਤ ਕਰਵਾਉਣ ਸਮੇਂ ਡਿਪਟੀ ਕਮਿਸ਼ਨਰ ਕੁਲਵੰਤ ਸਿੰਘ ਨਾਲ ਸਿਵਲ ਸਰਜਨ ਡਾ. ਰੋਹਿਤ ਮਹਿਤਾ, ਐਸ.ਐਮ.ਓ. ਡਾ. ਸਵਰਨਜੀਤ ਧਵਨ ਤੇ ਹੋਰ। ਅਜੀਤ ਤਸਵੀਰ

# ਕੋਵਿਡ ਮਹਾਂਮਾਰੀ ਤੋਂ ਬਚਾਅ ਲਈ ਜ਼ਿਲ੍ਹੇ 'ਚ 15 ਤੋਂ 18 ਸਾਲ ਦੇ ਬੱਚਿਆਂ ਨੂੰ ਕੋਵਿਡ ਵੈਕਸੀਨ ਲਗਾਉਣ ਦੀ ਸ਼ੁਰੂਆਤ

ਤਰਨ ਤਾਰਨ, 3 ਜਨਵਰੀ (ਹਰਿੰਦਰ ਸਿੰਘ)—ਡਿਪਟੀ ਕਮਿਸ਼ਨਰ ਕੁਲਵੰਤ ਸਿੰਘ ਵਲੋਂ ਅੱਜ ਸਰਕਾਰੀ ਸੀਨੀਅਰ ਸੈਕੰਡਰੀ ਸਮਾਰਟ ਸਕੂਲ (ਲੜਕੇ) ਤਰਨ ਤਾਰਨ ਵਿਖੇ 15 ਤੋਂ 18 ਸਾਲ ਤੱਕ ਦੇ ਸਕੂਲ ਦੇ ਬੱਚਿਆਂ ਨੂੰ ਕੋਵਿਡ ਵੈਕਸੀਨ ਲਗਾਉਣ ਦੀ ਸ਼ੁਰੂਆਤ ਕੀਤੀ ਗਈ। ਜ਼ਿਲ੍ਹਾ ਤਰਨ ਤਾਰਨ ਵਿਚ 15 ਤੋਂ 18 ਸਾਲ ਦੇ ਕੁੱਲ 56,400 ਬੱਚਿਆਂ ਨੂੰ ਵੈਕਸੀਨ ਲਗਾਈ ਜਾਵੇਗੀ। ਇਸ ਸੰਬੰਧੀ ਜਾਣਕਾਰੀ ਦਿੰਦਿਆਂ ਡਿਪਟੀ ਕਮਿਸ਼ਨਰ ਕੁਲਵੰਤ ਸਿੰਘ ਨੇ ਦੱਸਿਆ ਕਿ ਕੇਂਦਰੀ ਸਿਹਤ ਮੰਤਰਾਲੇ ਵਲੋਂ ਕਿਸ਼ੋਰਾਂ ਦੀ ਵੈਕਸੀਨੇਸ਼ਨ ਨੂੰ ਲੈ ਕੇ ਨਵੀਆਂ ਗਾਈਡਲਾਈਨ ਜਾਰੀ ਕੀਤੀਆਂ ਗਈਆਂ ਹਨ ਅਤੇ ਕੋਵਿਡ ਟੀਕਾਕਰਨ ਕਰਵਾਉਣ ਦੇ ਦਿਸ਼ਾ-ਨਿਰਦੇਸ਼ ਜਾਰੀ ਕੀਤੇ ਹਨ। ਉਨ੍ਹਾਂ ਇਹ ਵੀ ਦੱਸਿਆ ਕਿ ਇਹ ਟੀਕਾਕਰਨ ਮੁਹਿੰਮ ਅੱਜ ਤੋਂ ਸ਼ੁਰੂ ਹੈ ਅਤੇ ਬੱਚਿਆਂ ਨੂੰ ਕੋਵੈਕਸੀਨ ਦੀ ਡੋਜ਼ ਦਿੱਤੀ ਜਾ ਰਹੀ ਹੈ, ਕਿਉਂਕਿ ਕੋਵੈਕਸੀਨ ਨੂੰ ਇਸ ਉਮਰ ਵਰਗ ਦੇ ਲਈ ਵਿਸ਼ਵ ਸਿਹਤ ਸੰਗਠਨ ਵਲੋਂ ਐਮਰਜੈਂਸੀ ਯੂਜ ਲਿਸਟਿੰਗ ਪ੍ਰਕਿਰਿਆ ਦੇ ਤਹਿਤ ਕਰਾਰ ਦਿੱਤਾ ਗਿਆ ਹੈ। ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਸਕੂਲਾਂ ਵਿਚ ਇਕ ਅਬਜ਼ਰਵੇਸ਼ਨ ਰੂਮ ਵੀ ਬਣਾਇਆ ਗਿਆ ਹੈ, ਜਿੱਥੇ ਬੈੱਡ, ਆਕਸੀਜਨ ਸਿਲੰਡਰ ਅਤੇ ਆਕਸੀਜਨ ਕੰਨਸਟਰਟਰੇਟਰ ਰੱਖਿਆ ਗਿਆ ਹੈ। ਇਸ ਮੌਕੇ ਸਿਵਲ ਸਰਜਨ ਤਰਨ ਤਾਰਨ ਡਾ. ਰੋਹਿਤ ਮਹਿਤਾ ਨੇ ਵੈਕਸੀਨ ਲਗਵਾਉਣ ਵਾਲੇ ਕਿਸ਼ੋਰਾਂ ਦੀ ਹੌਸਲਾ ਅਫ਼ਜਾਈ ਕੀਤੀ ਅਤੇ ਉਨ੍ਹਾਂ ਨੂੰ ਹੋਰਨਾਂ ਨੂੰ ਵੀ ਵੈਕਸੀਨ ਲਗਵਾਉਣ ਲਈ ਪ੍ਰੇਰਿਤ ਕਰਨ ਨੂੰ ਕਿਹਾ ਨਾਲ ਹੀ ਵੈਕਸੀਨ ਲਗਵਾਉਣ ਤੋਂ ਬਾਅਦ ਵੀ ਕੋਵਿਡ ਤੋਂ ਬਚਾਅ ਲਈ ਪ੍ਰੋਟੋਕੋਲ ਅਪਨਾਉਣ ਦੀ ਅਪੀਲ ਕੀਤੀ। ਡਾ. ਮਹਿਤਾ ਨੇ ਇਹ ਵੀ ਦੱਸਿਆ ਕਿ ਇਸ ਵੈਕਸੀਨ ਦੀ ਦੂਸਰੀ ਡੋਜ਼ 28 ਦਿਨ ਬਾਅਦ ਲੱਗੇਗੀ ਅਤੇ ਅੰਤਰਰਾਸ਼ਟਰੀ ਯਾਤਰਾ ਲਈ ਮੰਨੀ ਜਾਵੇਗੀ। ਜ਼ਿਲ੍ਹਾ ਟੀਕਾਕਰਨ ਅਫ਼ਸਰ ਡਾ. ਵਰਿੰਦਰਪਾਲ ਕੌਰ ਨੇ ਦੱਸਿਆ ਕਿ ਕੋਵਿਡ ਦੀ ਤੀਸਰੀ ਲਹਿਰ ਓਮੀਕਰੋਨ ਨੂੰ ਵਿਸ਼ਵ ਸਿਹਤ ਸੰਗਠਨ ਵਲੋਂ 'ਵਾਇਰਸ ਆਫ ਕੰਨਸਰਨ' ਕਰਾਰ ਦਿੱਤਾ ਗਿਆ ਹੈ ਅਤੇ ਇਸ ਤੋਂ ਬਚਣ ਦੀ ਲੋੜ ਹੈ। ਉਨ੍ਹਾਂ ਵਲੋਂ ਲੋਕਾਂ ਨੂੰ ਅਪੀਲ ਕੀਤੀ ਹੈ ਕਿ ਉਹ ਵੈਕਸੀਨੇਸ਼ਨ ਜ਼ਰੂਰ ਕਰਵਾਉਣ ਅਤੇ 15 ਤੋਂ 18 ਸਾਲ ਦੇ ਬੱਚਿਆਂ ਨੂੰ ਵੈਕਸੀਨੇਸ਼ਨ ਕਰਵਾਉਣ ਲਈ ਅੱਗੇ ਆਉਣ। ਇਸ ਮੌਕੇ ਸੀਨੀਅਰ ਮੈਡੀਕਲ ਅਫ਼ਸਰ ਸਿਵਲ ਹਸਪਤਾਲ ਤਰਨ ਤਾਰਨ ਡਾ. ਸਵਰਨਜੀਤ ਧਵਨ ਆਦਿ ਹਾਜ਼ਰ ਸਨ।

**15 ਤੋਂ 18 ਸਾਲ ਦੇ ਕੁੱਲ 56,400 ਬੱਚਿਆਂ ਨੂੰ ਲਗਾਈ ਜਾਵੇਗੀ ਵੈਕਸੀਨ-ਡਿਪਟੀ ਕਮਿਸ਼ਨਰ**



ਝਬਾਲ ਵਿਖੇ ਮੋਦੀ ਸਰਕਾਰ ਦਾ ਪੁਤਲਾ ਫੂਕ ਕੇ ਨਾਅਰੇਬਾਜ਼ੀ ਕਰਦੇ ਹੋਏ ਕਿਸਾਨ ਆਗੂ। ਤਸਵੀਰ: ਗੱਗੋਬੂਹਾ

# ਝਬਾਲ ਵਿਖੇ ਕਿਸਾਨ ਆਗੂਆਂ ਨੇ ਮੋਦੀ ਸਰਕਾਰ ਦਾ ਪੁਤਲਾ ਫੂਕਿਆ

ਝਬਾਲ, 3 ਜਨਵਰੀ (ਸਰਬਜੀਤ ਸਿੰਘ)-ਬੀ.ਕੇ.ਯੂ. ਉਗਰਾਹਾਂ ਦੇ ਸੱਦੇ 'ਤੇ ਤਰਨ ਤਾਰਨ ਜ਼ਿਲ੍ਹੇ ਅੰਦਰ ਵੱਖ-ਵੱਖ ਥਾਵਾਂ 'ਤੇ ਮੋਦੀ ਦੀ ਪੰਜਾਬ ਫੇਰੀ ਦੇ ਵਿਰੋਧ ਵਿਚ ਪੁਤਲੇ ਫੂਕੇ ਗਏ, ਜਿਸ ਦੇ ਸੰਬੰਧੀ ਬੀ.ਕੇ.ਯੂ. ਉਗਰਾਹਾਂ ਦੇ ਝੰਡੇ ਹੇਠ ਕਸਬਾ ਝਬਾਲ ਦੇ ਚੌਂਕ ਵਿਚ ਮੁਖਤਿਆਰ ਸਿੰਘ ਚੀਮਾ ਅਤੇ ਨਿਰਵੈਲ ਸਿੰਘ ਪੰਜਵੜ ਦੀ ਅਗਵਾਈ ਹੇਠ ਕਿਸਾਨਾਂ ਨੇ ਮੋਦੀ ਦੀ 5 ਜਨਵਰੀ ਨੂੰ ਫ਼ਿਰੋਜ਼ਪੁਰ ਵਿਖੇ ਕੀਤੀ ਜਾ ਰਹੀ ਚੋਣ ਰੈਲੀ ਦੇ ਵਿਰੋਧ ਵਿਚ ਬੀ.ਜੇ.ਪੀ. ਦਾ ਪੁਤਲਾ ਫੂਕਿਆ ਅਤੇ ਕੇਂਦਰ ਸਰਕਾਰ ਦੇ ਖਿਲਾਫ਼ ਨਾਅਰੇਬਾਜ਼ੀ ਕੀਤੀ। ਇਸ ਮੌਕੇ ਜ਼ਿਲ੍ਹਾ ਸੀਨੀਅਰ ਮੀਤ ਪ੍ਰਧਾਨ ਜਸਬੀਰ ਸਿੰਘ ਚੀਮਾ, ਹਰਦੀਪ ਸਿੰਘ ਦੋਦੇ, ਕੁਲਵਿੰਦਰ ਸਿੰਘ ਢੰਡ, ਵਿਰਸਾ ਸਿੰਘ ਚਾਹਲ, ਗੁਰਬੀਰ ਸਿੰਘ ਲਹੀਆ, ਸਵਿੰਦਰ ਸਿੰਘ ਦੋਦੇ, ਮੁਖਤਾਰ ਸਿੰਘ ਦੋਦੇ, ਲੱਖਾ ਸਿੰਘ ਦੋਦੇ, ਰਣਧੀਰ ਸਿੰਘ ਚੀਮਾ, ਗੁਰਦਿਆਲ ਸਿੰਘ ਚੀਮਾ, ਬਲਵਿੰਦਰ ਸਿੰਘ ਬਿੱਲਾ ਚੀਮਾ, ਜਰਨੈਲ ਸਿੰਘ ਛੀਨਾ, ਅਮਰਜੀਤ ਸਿੰਘ ਛੀਨਾ, ਕੈਪਟਨ ਸਿੰਘ ਬਘਿਆੜੀ, ਗੁਰਵਿੰਦਰ ਸਿੰਘ ਚੀਮਾ, ਸੰਤੋਖ ਸਿੰਘ ਗੱਗੋਬੂਆ, ਬਚਿੱਤਰ ਸਿੰਘ ਗਹਿਰੀ ਤੇ ਹੋਰ ਹਾਜ਼ਰ ਸਨ ।

## ਇੰਡੀਅਨ ਕੌਂਸਲ ਆਫ ਮੈਡੀਕਲ ਰਿਸਰਚ, ਨਵੀਂ ਦਿੱਲੀ

ਇਸ਼ਤਿਹਾਰ ਨੰ: ICMR/DIR/NARI/2021-22/1-Pers

### ਵੈਕੰਸੀ ਸਰਕੂਲਰ

**ਬਿਨੈਪੱਤਰਾਂ ਦੀ ਪ੍ਰਾਪਤੀ ਲਈ ਅੰਤਿਮ ਮਿਤੀ : 1 ਫਰਵਰੀ, 2022**

ਇੰਡੀਅਨ ਕੌਂਸਲ ਆਫ ਮੈਡੀਕਲ ਰਿਸਰਚ (ਆਈ ਸੀ ਐਮ ਆਰ), ਹੈਲਥ ਰਿਸਰਚ ਵਿਭਾਗ, ਸਿਹਤ ਅਤੇ ਪਰਿਵਾਰ ਭਲਾਈ ਮੰਤਰਾਲਾ ਅਧੀਨ ਇਕ ਖ਼ੁਦਮੁਖਤਿਆਰ ਸੰਗਠਨ ਦੁਆਰਾ ਪੇਅ ਮੈਟਰਿਕਸ ਦੇ ਲੈਵਲ 14 (ਰੁਪਏ 1,44,200-2, 18, 200) (7ਵਾਂ ਸੀ ਪੀ ਪੀ ਸਕੇਲ) ਅਤੇ ਆਈ ਸੀ ਐਮ ਆਰ ਇੰਪਲਾਈਜ਼ ਲਈ ਲਾਗੂ ਯੋਗ ਅਨੁਸਾਰ ਯੂਜਅਲ ਅਲਾਊਂਸਜ਼ ਵਿਚ ਆਈ ਸੀ ਐਮ ਆਰ-ਨੈਸ਼ਨਲ ਏਡਜ਼ ਰਿਸਰਚ ਇੰਸਟੀਚਿਊਟ ਪੂਨੇ ਵਿਖੇ ਨਿਰਦੇਸ਼ਕ ਦੀ ਅਸਾਮੀ ਲਈ ਮਿਤੀ **1 ਫਰਵਰੀ**, 2022 **ਸ਼ਾਮ** 5.30 **ਵਜੇ** ਤੱਕ ਬਿਨੈਪੱਤਰਾਂ ਦੀ ਮੰਗ ਕੀਤੀ ਜਾਂਦੀ ਹੈ।

ਵਿਸਥਾਰਤ ਇਸ਼ਤਿਹਾਰ ਲਈ ਕ੍ਰਿਪਾ ਕਰਕੇ ਆਈ ਸੀ ਐਮ ਆਰ ਵੈੱਬਸਾਈਟ www.icmr.nic.in ਜਾਂ https://recruit.icmr.org.in 'ਤੇ ਪਧਾਰੋ।

davp 17152/11/0008/2122 ਸਹੀ/-ਅਸਿਸਟੈਂਟ ਡਾਇਰੈਕਟਰ-ਜਨਰਲ (ਐਡਮਨ)